# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ
# ਪ੍ਰੈਸ ਨੋਟ
## ਮੇਅਰ ਸ਼ਿਵ ਸੂਦ ਅਤੇ ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਂਵਾਲਾ ਨੇ ਮੁਹੱਲਾ ਲਕਸ਼ਮੀ ਨਗਰ ਵਿਖੇ ਲਗਾਏ ਜਾ ਰਹੇ ਨਵੇਂ ਟਿਊਬਵੈਲ ਦੇ ਕੰਮ ਦੀ ਪ੍ਰਗਤੀ ਦਾ ਲਿਆ ਜਾਇਜਾ

## ਵਾਰਡ ਵਾਸੀਆਂ ਦੇ ਕੀਤਾ ਧੰਨਵਾਦ

ਹੁਸ਼ਿਆਰਪੁਰ 24 ਜੂਨ ਨਗਰ ਨਿਗਮ ਦੇ ਵਾਰਡ ਨੰ: 24 ਦੇ ਮੁਹੱਲਾ ਲਕਸ਼ਮੀ ਨਗਰ ਵਿਖੇ ਪੀਣ ਵਾਲੇ ਪਾਣੀ ਦੇ ਲਗਾਏ ਰਹੇ ਨਵੇਂ ਟਿਊਬਵੈਲ ਦੇ ਕੰਮ ਦੀ ਪ੍ਰਗਤੀ ਦਾ ਜਾਇਜਾ ਮੇਅਰ ਸ਼ਿਵ ਸੂਦ ਅਤੇ ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਂਵਾਲਾ ਨੇ ਮੌਕੇ ਤੇ ਜਾ ਕੇ ਲਿਆ ਅਤੇ ਚੱਲ ਰਹੇ ਕੰਮ ਤੇ ਤਸੱਲੀ ਪ੍ਰਗਟ ਕੀਤੀ। ਵਾਰਡ ਨੰ: 24 ਦੇ ਕੌਂਸਲਰ ਵਿਕਰਮ ਸਿੰਘ ਕਲਸੀ ਵੀ ਉਹਨਾਂ ਦੇ ਨਾਲ ਸਨ। ਮੇਅਰ ਸ਼ਿਵ ਸੂਦ ਨੇ ਦੱਸਿਆ ਕਿ ਕੌਂਸਲਰ ਅਤੇ ਵਾਰਡ ਨੰ: 24 ਦੇ ਮੁਹੱਲਾ ਲਕਸ਼ਮੀ ਨਗਰ ਵਾਸੀਆਂ ਦੀ ਮੰਗ ਅਨੁਸਾਰ ਨਵਾਂ ਟਿਊਬਵੈਲ ਲਗਾਇਆ ਜਾ ਰਿਹਾ ਹੈ ਇਸ ਦੇ ਚੱਲਣ ਨਾਲ ਇਸ ਵਾਰਡ ਦੇ ਨਿਵਾਸੀਆਂ ਨੂੰ ਪੀਣ ਵਾਲੇ ਦੀ ਕੋਈ ਕਮੀ ਨਹੀ ਰਹੇਗੀ। ਉਹਨਾਂ ਦੱਸਿਆ ਕਿ ਨਗਰ ਨਿਗਮ ਵੱਲੋਂ ਸਾਰੇ ਵਾਰਡਾਂ ਵਿੱਚ ਬਿਨ੍ਹਾਂ ਭੇਦ-ਭਾਵ ਦੇ ਕੌਂਸਲਰ ਅਤੇ ਵਾਰਡ ਵਾਸੀਆਂ ਦੀ ਮੰਗ ਅਨੁਸਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਉਹਨਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਗਰਮੀ ਦੇ ਮੌਸਮ ਨੂੰ ਦੇਖਦੇ ਹੋਏ ਪੀਣ ਵਾਲੇ ਪਾਣੀ ਦੀ ਦੁਰਵਰਤੋਂ ਨਾ ਕਰਨ ਅਤੇ ਇਸ ਦੀ ਵਰਤੋਂ ਸੰਜਮ ਨਾਲ ਕੀਤੀ ਜਾਵੇ ਤਾਂ ਜ਼ੋ ਸਾਰੇ ਸ਼ਹਿਰ ਵਾਸੀਆਂ ਨੂੰ ਪੀਣ ਵਾਲਾ ਪਾਣੀ ਨਿਰਵਿਘਨ ਮਿਲਦਾ ਰਹੇ।

ਵਾਰਡ ਨੰ: 24 ਦੇ ਕੌਂਸਲਰ ਅਤੇ ਵਾਰਡ ਵਾਸੀਆਂ ਨੇ ਇਸ ਮੌਕੇ ਤੇ ਨਗਰ ਨਿਗਮ ਦੇ ਮੇਅਰ ਅਤੇ ਸੀਨੀਅਰ ਡਿਪਟੀ ਮੇਅਰ ਦਾ ਨਵੇ ਟਿਊਬਵੈਲ ਨੂੰ ਲਗਾਉਣ ਦਾ ਕੰਮ ਸ਼ੁਰੂ ਕਰਵਾਉਣ ਤੇ ਧੰਨਵਾਦ ਕੀਤਾ। ਇਸ ਮੌਕੇ ਤੇ ਲਖਵੀਰ ਸਿੰਘ, ਦਲਵਿੰਦਰ ਸਿੰਘ, ਨਰੇਸ਼, ਸੁਰਿੰਦਰ ਸਿੰਘ ਦਿਆਲ, ਰਘੁਵੀਰ ਸਿੰਘ, ਕ੍ਰਿਪਾਲ ਸਿੰਘ, ਬੋਧ ਰਾਜ ਚੌਹਾਨ, ਦਵਿੰਦਰ ਸਿੰਘ, ਸੁਖਦੀਪ ਸਿੰਘ, ਪ੍ਰਦੀਪ ਕੁਮਾਰ, ਡਾ. ਜਤਿੰਦਰ ਗਰਗ, ਸੁਭਾਸ਼ ਚੰਦਰ, ਸੰਨੀ, ਉਦੇ ਰਾਜ ਸਿੰਘ, ਪ੍ਰਮਜੀਤ ਕੌਰ, ਹਰਜੀਤ ਕੌਰ, ਜ਼ਸਬੀਰ ਕੌਰ ਦਿਆਲ ਅਤੇ ਮੁਹੱਲਾ ਵਾਸੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।